**ਰਾਗੁ ਸੂਹੀ ਬਾਣੀ ਸ੍ਰੀ ਕਬੀਰ ਜੀਉ ਤਥਾ ਸਭਨਾ ਭਗਤਾ ਕੀ ॥ ਕਬੀਰ ਕੇ ੧ੴ ਸਤਿਗੁਰ ਪ੍ਰਸਾਦਿ ॥ ਅਵਤਰਿ ਆਇ ਕਹਾ ਤੁਮ ਕੀਨਾ ॥ ਰਾਮ ਕੋ ਨਾਮੁ ਨ ਕਬਹੂ ਲੀਨਾ ॥੧॥ ਰਾਮ ਨ ਜਪਹੁ ਕਵਨ ਮਤਿ ਲਾਗੇ ॥ ਮਰਿ ਜਇਬੇ ਕਉ ਕਿਆ ਕਰਹੁ ਅਭਾਗੇ ॥੧॥ ਰਹਾਉ ॥ ਦੁਖ ਸੁਖ ਕਰਿ ਕੈ ਕੁਟੰਬੁ ਜੀਵਾਇਆ ॥ ਮਰਤੀ ਬਾਰ ਇਕਸਰ ਦੁਖੁ ਪਾਇਆ ॥੨॥ ਕੰਠ ਗਹਨ ਤਬ ਕਰਨ ਪੁਕਾਰਾ ॥ ਕਹਿ ਕਬੀਰ ਆਗੇ ਤੇ ਨ ਸੰਮ੍ਹਾਰਾ ॥੩॥੧॥** {ਪੰਨਾ 792}

ਪਦਅਰਥ:- ਅਵਤਰਿ—ਉਤਰ ਕੇ, ਅਵਤਾਰ ਲੈ ਕੇ, ਜਨਮ ਲੈ ਕੇ। ਆਇ—(ਜਗਤ ਵਿਚ) ਆ ਕੇ, (ਮਨੁੱਖਾ ਜਨਮ ਵਿਚ) ਆ ਕੇ। ਕਹਾ—ਕੀਹ? ਕੋ—ਦਾ। ਕਬਹੂ—ਕਦੇ ਭੀ।1।

ਨ ਜਪਹੁ—ਤੂੰ ਨਹੀਂ ਸਿਮਰਦਾ। ਮਰਿ ਜਇਬੇ ਕਉ—ਮਰਨ ਵੇਲੇ ਲਈ। ਕਰਹੁ—ਤੁਸੀ ਕਰ ਰਹੇ ਹੋ। ਅਭਾਗੇ—ਹੇ ਭਾਗ-ਹੀਣ!। ਰਹਾਉ।

ਦੁਖ ਸੁਖ ਕਰਿ ਕੈ—ਔਖ ਸੌਖ ਸਹਾਰ ਕੇ, ਕਈ ਤਰ੍ਹਾਂ ਦੀਆਂ ਔਖਿਆਈਆਂ ਸਹਿ ਕੇ। ਜੀਵਾਇਆ—ਪਾਲਿਆ। ਇਕਸਰ—ਇਕੱਲਿਆਂ ਹੀ।2।

ਕੰਠ ਗਹਨ—ਗਲੋਂ ਫੜਨ (ਵੇਲੇ)। ਕਰਨ ਪੁਕਾਰਾ—ਪੁਕਾਰਾਂ ਕਰਨ ਦਾ (ਕੀਹ ਲਾਭ?)। ਕਹਿ—ਕਹੇ, ਆਖਦਾ ਹੈ। ਆਗੇ ਤੇ—ਮਰਨ ਤੋਂ ਪਹਿਲਾਂ ਹੀ। ਸੰਮ੍ਹਾਰਾ—ਯਾਦ ਕੀਤਾ।3।

ਅਰਥ:- (ਹੇ ਭਾਈ!) ਤੂੰ ਪਰਮਾਤਮਾ ਦਾ ਨਾਮ (ਤਾਂ) ਕਦੇ ਸਿਮਰਿਆ ਨਹੀਂ, ਫਿਰ ਜਗਤ ਵਿਚ ਆ ਕੇ ਜਨਮ ਲੈ ਕੇ ਤੂੰ ਕੀਹ ਕੀਤਾ? (ਭਾਵ, ਤੂੰ ਕੁਝ ਭੀ ਨਾਹ ਖੱਟਿਆ)।1।

ਹੇ ਭਾਗ-ਹੀਣ ਬੰਦੇ! ਤੂੰ ਮਰਨ ਦੇ ਵੇਲੇ ਲਈ ਕੀਹ ਤਿਆਰੀ ਕਰ ਰਿਹਾ ਹੈਂ? ਤੂੰ ਪ੍ਰਭੂ ਦਾ ਨਾਮ ਨਹੀਂ ਸਿਮਰਦਾ, ਕਿਹੜੀ (ਕੋਝੀ) ਮੱਤੇ ਲੱਗਾ ਹੋਇਆ ਹੈਂ?। ਰਹਾਉ।

ਕਈ ਤਰ੍ਹਾਂ ਦੀਆਂ ਔਖਿਆਈਆਂ ਸਹਾਰ ਕੇ ਤੂੰ (ਸਾਰੀ ਉਮਰ) ਕੁਟੰਬ ਹੀ ਪਾਲਦਾ ਰਿਹਾ, ਪਰ ਮਰਨ ਵੇਲੇ ਤੈਨੂੰ ਇਕੱਲਿਆਂ ਹੀ (ਆਪਣੀਆਂ ਗ਼ਲਤੀਆਂ ਬਦਲੇ) ਦੁੱਖ ਸਹਾਰਨਾ ਪਿਆ (ਭਾਵ, ਪਏਗਾ)।2।

ਕਬੀਰ ਆਖਦਾ ਹੈ—(ਜਦੋਂ ਜਮਾਂ ਨੇ ਤੈਨੂੰ) ਗਲੋਂ ਆ ਫੜਿਆ (ਭਾਵ, ਜਦੋਂ ਮੌਤ ਸਿਰ ਤੇ ਆ ਗਈ), ਤਦੋਂ ਰੋਣ ਪੁਕਾਰਨ (ਤੋਂ ਕੋਈ ਲਾਭ ਨਹੀਂ ਹੋਵੇਗਾ); (ਉਹ ਵੇਲਾ ਆਉਣ ਤੋਂ) ਪਹਿਲਾਂ ਹੀ ਕਿਉਂ ਤੂੰ ਪਰਮਾਤਮਾ ਨੂੰ ਯਾਦ ਨਹੀਂ ਕਰਦਾ?।3।1।

ਸ਼ਬਦ ਦਾ ਭਾਵ:- ਸਿਮਰਨ ਤੋਂ ਬਿਨਾ ਜੀਵਨ ਅਜਾਈਂ ਜਾਂਦਾ ਹੈ। ਮੌਤ ਆਇਆਂ ਪਛਤਾਣ ਦਾ ਕੋਈ ਲਾਭ ਨਹੀਂ ਹੁੰਦਾ। ਪਹਿਲਾਂ ਹੀ ਵੇਲੇ ਸਿਰ ਸੰਭਲਣਾ ਚਾਹੀਦਾ ਹੈ।